ਤਿਲੰਗ ਮਹਲਾ ੫ ਘਰੁ ੧ ੴ ਸਤਿਗੁਰ ਪ੍ਰਸਾਦਿ ॥ ਖਾਕ ਨੂਰ ਕਰਦੰ ਆਲਮ ਦੁਨੀਆਇ ॥ ਅਸਮਾਨ ਜਿਮੀ ਦਰਖਤ ਆਬ ਪੈਦਾਇਸਿ ਖੁਦਾਇ ॥ ੧॥ ਬੰਦੇ ਚਸਮ ਦੀਦੰ ਫਨਾਇ ॥ ਦੁਨੀ ਆ ਮੁਰਦਾਰ ਖੁਰਦਨੀ ਗਾਫਲ ਹਵਾਇ ॥ ਰਹਾਉ ॥ ਗੈਬਾਨ ਹੈਵਾਨ ਹਰਾਮ ਕੁਸਤਨੀ ਮੁਰਦਾਰ ਬਖੋਰਾਇ ॥ ਦਿਲ ਕਬਜ ਕਬਜਾ ਕਾਦਰੋ ਦੋਜਕ ਸਜਾਇ ॥ ੨॥ ਵਲੀ ਨਿਆਮਤਿ ਬਿਰਾਦਰਾ ਦਰਬਾਰ ਮਿਲਕ ਖਾਨਾਇ ॥ ਜਬ ਅਜਰਾਈਲੁ ਬਸਤਨੀ ਤਬ ਚਿ ਕਾਰੇ ਬਿਦਾਇ ॥ ੩॥ ਹਵਾਲ ਮਾਲੂਮੁ ਕਰਦੰ ਪਾਕ ਅਲਾਹ ॥ ਬੁਗੋ ਨਾਨਕ ਅਰਦਾਸਿ ਪੇਸਿ ਦਰਵੇਸ ਬੰਦਾਹ ॥ ੪॥੧॥ {ਪੰਨਾ 723}

ਪਦਅਰਥ:- ਖਾਕ—ਖ਼ਾਕ, ਮਿੱਟੀ, ਅਚੇਤਨ। ਨੂਰ—ਜੋਤੀ, ਆਤਮਾ। ਕਰਦੰ—ਬਣਾ ਦਿੱਤਾ। ਆਲਮ—ਜਹਾਨ। ਜਿਮੀ—ਜ਼ਿਮੀ, ਧਰਤੀ। ਦਰਖਤ—ਦਰਖ਼ਤ, ਰੁੱਖ। ਆਬ—ਪਾਣੀ। ਪੈਦਾਇਸਿ ਖੁਦਾਇ—ਪੈਦਾਇਸ਼ਿ ਖ਼ੁਦਾਇ, ਪਰਮਾਤਮਾ ਦੀ ਰਚਨਾ। ਖੁਦਾਇ—ਪਰਮਾਤਮਾ।1।

ਬੰਦੇ—ਹੇ ਮਨੁੱਖ! ਚਸਮ—ਚਸ਼ਮ, ਅੱਖਾਂ। ਦੀਦੰ—ਦਿੱਸਦਾ। ਫਨਾਇ—ਫ਼ਨਾਇ, ਨਾਸਵੰਤ। ਮੁਰਦਾਰ—ਹਰਾਮ। ਖੁਰਦਨੀ—ਖ਼ੁਰਦਨੀ, ਖਾਣ ਵਾਲੀ। ਗਾਫਲ—ਗ਼ਾਫ਼ਲ, ਭੁੱਲੀ ਹੋਈ। ਹਵਾਇ—ਹਿਰਸ, ਲਾਲਚ। ਰਹਾਉ।

ਗੈਬਾਨ—ਗ਼ੈਬਾਨ, ਨਾਹ ਦਿੱਸਣ ਵਾਲੇ, ਭੂਤ ਪ੍ਰੇਤ। ਹੈਵਾਨ—ਪਸ਼ੂ। ਕੁਸਤਨੀ—ਕੁਸ਼ਤਨੀ, ਮਾਰਨ ਵਾਲੀ। ਬਖੋਰਾਇ—ਬਖ਼ੋਰਾਇ, ਖਾਂਦੀ ਹੈ। ਕਬਜ ਕਬਜਾ—ਕਬਜ਼ ਕਬਜ਼ਾ, ਮੁਕੰਮਲ ਕਬਜ਼ਾ। ਕਾਦਰੋ—ਪੈਦਾ ਕਰਨ ਵਾਲਾ ਪ੍ਰਭੂ। ਦੋਜਕ ਸਜਾਇ—ਦੋਜ਼ਕ ਸਜ਼ਾਇ—ਦੋਜ਼ਕ ਦੀ ਸਜ਼ਾ ਦੇਂਦਾ ਹੈ।2।

ਵਲੀ ਨਿਆਮਤਿ—ਨਿਆਮਤਾਂ ਦੇਣ ਵਾਲਾ ਪਿਤਾ। ਬਿਰਾਦਰਾ—ਭਰਾ। ਮਿਲਕ ਜਾਇਦਾਦ। ਖਾਨਾਇ—ਖ਼ਾਨਾਇ, ਘਰ। ਬਸਤਨੀ—ਬੰਨ੍ਹ ਲਏਗਾ। ਚਿ ਕਾਰੇ—ਕਿਸ ਕੰਮ? ਚਿ—ਕੀਹ? ਬਿਦਾਇ—ਵਿਦਾ ਹੋਣ ਵੇਲੇ। ਅਜਰਾਈਲੁ—ਅਜ਼ਰਾਈਲ, ਮੌਤ ਦਾ ਫ਼ਰਿਸ਼ਤਾ।3।

ਪਾਕ ਅਲਾਹ—ਪਵਿਤ੍ਰ ਪਰਮਾਤਮਾ। ਅਲਾਹ—ਅੱਲਾਹ। ਹਵਾਲ ਮਾਲੂਮ ਕਰਦੰ—(ਤੇਰੇ ਦਿਲ ਦਾ) ਹਾਲ ਜਾਣਦਾ ਹੈ। ਬੁਗੋ—ਆਖ। ਪੇਸਿ—ਸਾਹਮਣੇ, ਪੇਸ਼ਿ। ਪੇਸਿ ਦਰਵੇਸ ਬੰਦਾਹ—ਦਰਵੇਸ਼ ਬੰਦਿਆਂ ਦੇ ਅੱਗੇ।4।

ਅਰਥ:- ਹੇ ਮਨੁੱਖ! ਜੋ ਕੁਝ ਤੂੰ ਅੱਖੀਂ ਵੇਖਦਾ ਹੈਂ ਨਾਸਵੰਤ ਹੈ। ਪਰ ਦੁਨੀਆ (ਮਾਇਆ ਦੇ) ਲਾਲਚ ਵਿਚ (ਪਰਮਾਤਮਾ ਵਲੋਂ) ਭੁੱਲੀ ਹੋਈ ਹੈ, ਤੇ, ਹਰਾਮ ਖਾਂਦੀ ਰਹਿੰਦੀ ਹੈ (ਪਰਾਇਆ ਹੱਕ ਖੋਂਹਦੀ ਰਹਿੰਦੀ ਹੈ)। ਰਹਾਉ।

ਹੇ ਭਾਈ! ਚੇਤਨ ਜੋਤਿ ਅਤੇ ਅਚੇਤਨ ਮਿੱਟੀ ਮਿਲਾ ਕੇ ਪਰਮਾਤਮਾ ਨੇ ਇਹ ਜਗਤ ਇਹ ਜਹਾਨ ਬਣਾ ਦਿੱਤਾ ਹੈ। ਆਸਮਾਨ, ਧਰਤੀ, ਰੁੱਖ, ਪਾਣੀ (ਆਦਿਕ ਇਹ ਸਭ ਕੁਝ) ਪਰਮਾਤਮਾ ਦੀ ਰਚਨਾ ਹੈ।1।

ਹੇ ਭਾਈ! ਗ਼ਾਫ਼ਲ ਮਨੁੱਖ ਭੂਤਾਂ ਪ੍ਰੇਤਾਂ ਪਸ਼ੂਆਂ ਵਾਂਗ ਹਰਾਮ ਮਾਰ ਕੇ ਹਰਾਮ ਖਾਂਦਾ ਹੈ। ਇਸ ਦੇ ਦਿਲ ਉਤੇ (ਮਾਇਆ ਦਾ) ਮੁਕੰਮਲ ਕਬਜ਼ਾ ਹੋਇਆ ਰਹਿੰਦਾ ਹੈ, ਪਰਮਾਤਮਾ ਇਸ ਨੂੰ ਦੋਜ਼ਕ ਦੀ ਸਜ਼ਾ ਦੇਂਦਾ ਹੈ।2।

ਹੇ ਭਾਈ! ਜਦੋਂ ਮੌਤ ਦਾ ਫ਼ਰਿਸ਼ਤਾ (ਆ ਕੇ) ਬੰਨ੍ਹ ਲੈਂਦਾ ਹੈ, ਤਦੋਂ ਪਾਲਣ ਵਾਲਾ ਪਿਉ, ਭਰਾ, ਦਰਬਾਰ, ਜਾਇਦਾਦ, ਘਰ—ਇਹ ਸਾਰੇ (ਜਗਤ ਤੋਂ) ਵਿਦਾ ਹੋਣ ਵੇਲੇ ਕਿਸ ਕੰਮ ਆਉਣਗੇ?।3।

ਹੇ ਭਾਈ! ਪਵਿਤ੍ਰ ਪਰਮਾਤਮਾ (ਤੇਰੇ ਦਿਲ ਦਾ) ਸਾਰਾ ਹਾਲ ਜਾਣਦਾ ਹੈ। ਹੇ ਨਾਨਕ! ਸੰਤ ਜਨਾਂ ਦੀ ਸੰਗਤਿ ਵਿਚ ਰਹਿ ਕੇ (ਪਰਮਾਤਮਾ ਦੇ ਦਰ ਤੇ) ਅਰਦਾਸ ਕਰਿਆ ਕਰ (ਕਿ ਤੈਨੂੰ ਮਾਇਆ ਦੀ ਹਵਸ ਵਿਚ ਨਾਹ ਫਸਣ ਦੇਵੇ)।4।1।